ਖੰਨਾ
ਅਜੀਤ ਜਲੰਧਰ
ਅਜੀਤ
ਸੋਮਵਾਰ, 20 ਅਕਤੂਬਰ 2025

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **20 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਕਲ.ਗੀਧਰ ਅਕੈਡਮੀ ਸੀਨੀਅਰ ਸੈਕੰਡਰੀ ਸਕੂਲ ਦੁੱਗਰੀ ਵਿਖੇ ਦੀਵਾਲੀ ਸਮਾਗਮ

ਸਾਹਨੇਵਾਲ, 19 ਅਕਤੂਬਰ (ਹਨੀ ਚਾਠਲੀ)-ਕਲ.ਗੀਧਰ ਸੀਨੀਅਰ ਸੈਕੰਡਰੀ ਸਕੂਲ, ਦੁੱਗਰੀ ਵਿਚ ਅੱਜ ਬੰਦੀ ਛੋੜ ਦਿਵਸ ਅਤੇ ਦੀਵਾਲੀ ਨੂੰ ਮੁੱਖ ਰੱਖਦੇ ਹੋਏ ਸਮਾਰੋਹ ਮਨਾਇਆ ਗਿਆ। ਇਸ ਸਮਾਰੋਹ ਦੀ ਸ਼ੁਰੂਆਤ 'ਸਵੇਰ ਦੀ ਸਭਾ' ਰਾਹੀਂ ਕੀਤੀ ਗਈ, ਜਿਸ ਵਿਚ ਵਿਦਿਆਰਥੀਆਂ ਨੂੰ ਪ੍ਰਦੂਸ਼ਣ ਮੁਕਤ ਅਤੇ ਗਰੀਨ ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ। ਸਕੂਲ ਦੇ ਪ੍ਰਾਇਮਰੀ ਅਤੇ ਸੀਨੀਅਰ ਵਿਭਾਗਾਂ ਵਲੋਂ ਦੀਵਾਲੀ ਨੂੰ ਮੁੱਖ ਰੱਖਦੇ ਹੋਏ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਉਨ੍ਹਾਂ ਵਲੋਂ ਕਾਗ਼ਜ਼ ਨਾਲ ਮੋਮਬੱਤੀਆਂ ਬਣਾਉਣ, ਕਲੇਅ ਨਾਲ ਦੀਵੇ, ਪੇਪਰ ਲਾਲਟੈਨ, ਸ਼ੁੱਭ ਲਾਭ, ਵਾਲ ਹੈਂਗਿੰਗ, ਤੋਰਣ ਆਦਿ ਦੇ ਮੁਕਾਬਲਿਆਂ ਵਿਚ ਬੜੇ ਹੀ ਜੋਸ਼ ਅਤੇ ਉਤਸ਼ਾਹ ਨਾਲ ਵਧ ਚੜ੍ਹ ਕੇ ਹਿੱਸਾ ਲਿਆ। ਸਕੂਲ ਮੈਨੇਜਮੈਂਟ ਦੇ ਵਿਸ਼ੇਸ਼ ਉਪਰਾਲੇ ਤਹਿਤ ਵਿਦਿਆਰਥੀਆਂ ਨੂੰ 'ਈਕੋ ਫਰੈਂਡਲੀ' ਦੀਵਾਲੀ ਮਨਾਉਣ ਲਈ ਉਤਸ਼ਾਹਿਤ ਕਰਦੇ ਹੋਏ ਜਾਗਰੂਕਤਾ ਵੀਡੀਓ ਦੀ ਸੁਚੱਜੀ ਪੇਸ਼ਕਾਰੀ ਕਰਵਾਈ ਗਈ। ਇਸ ਮੌਕੇ 'ਤੇ 'ਲਾਈਟ ਅਪ ਦਾ ਡਾਰਕਨੈੱਸ: ਸੈਲੀਬਰੇਟ ਗਰੀਨ ਦੀਵਾਲੀ-2025' ਵਿਸ਼ੇ ਤਹਿਤ ਕਰਵਾਏ ਗਏ ਹਾਊਸ ਬੋਰਡ ਦੇ ਮੁਕਾਬਲਿਆਂ ਵਿਚ ਸਾਹਿਬਜ਼ਾਦਾ ਅਜੀਤ ਸਿੰਘ ਹਾਊਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕੂਲ ਵਿਚ ਵਿਸ਼ੇਸ਼ ਤੌਰ 'ਤੇ ਰੰਗੋਲੀ ਬਣਾਉਣ ਦੇ ਮੁਕਾਬਲਿਆਂ ਵਿਚ ਚਾਰੇ ਹਾਊਸਾਂ ਦੇ ਵਿਦਿਆਰਥੀਆਂ ਵਲੋਂ ਵਧ ਚੜ੍ਹ ਕੇ ਹਿੱਸਾ ਲਿਆ ਗਿਆ। ਮੁਕਾਬਲੇ 'ਚ ਜਿੱਤਣ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਇਨਾਮ ਦਿੱਤੇ ਗਏ। ਬੱਚਿਆਂ ਨੇ ਆਪਣੀਆਂ ਆਪਣੀਆਂ ਕਲਾਸਾਂ ਨੂੰ ਹੱਥਾਂ ਨਾਲ ਬਣਾਈਆਂ ਲੜੀਆਂ, ਦੀਵੇ ਅਤੇ ਸਜਾਵਟੀ ਚੀਜ਼ਾਂ ਨਾਲ ਸਜਾਉਂਦੇ ਹੋਏ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਤਹਿਤ ਸਕੂਲ ਦੇ ਮੈਨੇਜਰ ਲਖਵੀਰ ਸਿੰਘ ਹਰਾ, ਪ੍ਰਿੰਸੀਪਲ ਭੁਪਿੰਦਰਜੀਤ ਕੌਰ ਬੇਦੀ ਅਤੇ ਵਾਈਸ ਪ੍ਰਿੰਸੀਪਲ ਖੁਸ਼ਵੰਤ ਸਿੰਘ ਗਿੱਲ ਵਲੋਂ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦੇ ਹੋਏ 'ਗਰੀਨ ਤੇ ਕਲੀਨ ਦੀਵਾਲੀ ਮਨਾਓ, ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਓ' ਸੁਨੇਹੇ ਤਹਿਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਪ੍ਰਿੰਸੀਪਲ ਭੁਪਿੰਦਰਜੀਤ ਕੌਰ ਬੇਦੀ ਅਤੇ ਮੈਨੇਜਰ ਲਖਵੀਰ ਸਿੰਘ ਹਰਾ ਵਲੋਂ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ ਨੂੰ ਆਪਣੀ ਜ਼ਿੰਦਗੀ 'ਚੋਂ ਕੱਢ ਕੇ ਸਚਾਈ ਦੇ ਰਸਤੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ।

ਕਲ.ਗੀਧਰ ਸੀਨੀਅਰ ਸੈਕੰਡਰੀ ਸਕੂਲ, ਦੁੱਗਰੀ 'ਚ ਬੰਦੀ ਛੋੜ ਦਿਵਸ ਅਤੇ ਦੀਵਾਲੀ ਨੂੰ ਮੁੱਖ ਰੱਖਦੇ ਹੋਏ ਕਰਵਾਏ ਸਮਾਰੋਹ ਦੌਰਾਨ ਵਿਦਿਆਰਥੀ। ਤਸਵੀਰ : ਹਨੀ ਚਾਠਲੀ

ਦੀਵਾਲੀ ਦੇ ਤਿਉਹਾਰ ਮੌਕੇ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਅਤੇ ਸਕੂਲ ਵਿਦਿਆਰਥੀਆਂ ਨਾਲ।

ਲੱਖਾ ਪਾਇਲ ਵਲੋਂ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਵਧਾਈ

ਰਾੜਾ ਸਾਹਿਬ, 19 ਅਕਤੂਬਰ (ਸੁਖਵੀਰ ਸਿੰਘ ਚਣਕੋਈਆਂ)-ਸਾਬਕਾ ਕਾਂਗਰਸੀ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਪਾਇਲ ਨੇ ਲੋਕਾਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਅਤੇ ਬਾਬਾ ਵਿਸ਼ਵਕਰਮਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਤਿਉਹਾਰ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ ਤੇ ਕਿਹਾ ਕਿ ਕਾਂਗਰਸ ਪਾਰਟੀ ਪਲੀਤ ਹੋ ਰਹੇ ਵਾਤਾਵਰਣ ਨੂੰ ਬਚਾਉਣ ਲਈ ਵਚਨਬੱਧ ਹੈ।

ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ

ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ 'ਚ ਮਨਾਈ ਦੀਵਾਲੀ

ਸਮਰਾਲਾ, 19 ਅਕਤੂਬਰ (ਕੁਲਵਿੰਦਰ ਸਿੰਘ)-ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਸਮਰਾਲਾ ਵਲੋਂ (ਸ਼ਨੀਵਾਰ) ਨੂੰ ਦੀਵਾਲੀ ਰੌਸ਼ਨੀ ਦੇ ਤਿਉਹਾਰ ਨੂੰ ਬੜੇ ਉਤਸ਼ਾਹ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ। ਸਕੂਲ ਦਾ ਮਾਹੌਲ ਖ਼ੁਸ਼ੀ ਅਤੇ ਉਤਸਵ ਦੇ ਰੰਗਾਂ ਨਾਲ ਭਰਪੂਰ ਸੀ। ਸਵੇਰ ਦੀ ਪ੍ਰਾਰਥਨਾ ਸਭਾ 'ਚ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀ ਵਲੋਂ ਬੰਦੀ ਛੋੜ ਦਿਵਸ ਦੀ ਮਹੱਤਤਾ, ਰਾਮ ਚੰਦਰ ਜੀ ਦੀ ਅਯੁੱਧਿਆ ਵਾਪਸੀ ਦੇ ਇਤਿਹਾਸ ਬਾਰੇ ਦੱਸਿਆ ਗਿਆ ਅਤੇ ਸ਼ਬਦ ਗਾਇਨ ਵੀ ਕੀਤਾ ਗਿਆ। ਵਿਦਿਆਰਥੀਆਂ ਵਲੋਂ ਬਣਾਈਆਂ ਸੁੰਦਰ ਰੰਗੋਲੀਆਂ, ਦੀਵੇ ਅਤੇ ਸਜਾਵਟੀ ਚਿੱਤਰਾਂ ਨਾਲ ਸਕੂਲ ਚਮਕ ਉੱਠਿਆ। ਇਸ ਮੌਕੇ ਵੱਖ-ਵੱਖ ਕਲਾਸਾਂ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਨਰਸਰੀ ਤੋਂ ਯੂ.ਕੇ.ਜੀ. ਤੱਕ ਦੇ ਬੱਚਿਆਂ ਨੇ ਕਾਰਡ ਵਿਚ ਰੰਗ ਭਰਨ ਗਤੀਵਿਧੀ ਵਿਚ ਹਿੱਸਾ ਲਿਆ। ਦੀਵਾਲੀ ਮਨਾਉਂਦੇ ਹੋਏ ਜਮਾਤ ਪਹਿਲੀ ਤੇ ਦੂਸਰੀ ਦੇ ਵਿਦਿਆਰਥੀਆਂ ਨੇ ਪਲੇ ਡੋ ਨਾਲ ਦੀਵੇ ਤਿਆਰ ਕੀਤੇ। ਤੀਸਰੀ ਤੋਂ ਪੰਜਵੀਂ ਦੇ ਵਿਦਿਆਰਥੀਆਂ ਨੇ ਦੀਵਾਲੀ ਨਾਲ ਸੰਬੰਧਿਤ ਕਠਪੁਤਲੀਆਂ ਅਤੇ ਪ੍ਰੋਪਸ ਬਣਾਏ। ਇਸੇ ਤਰ੍ਹਾਂ ਮਿਡਲ ਵਿੰਗ ਨੇ ਦੀਵੇ ਸਜਾਉਣ ਅਤੇ ਪੌਟਲੱਕ ਪਾਰਟੀ ਦਾ ਆਨੰਦ ਲਿਆ। ਸੀਨੀਅਰ ਵਿੰਗ ਨੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ ਵਾਤਾਵਰਨ ਅਨੁਕੂਲ ਦੀਵਾਲੀ ਮਨਾਉਣ ਲਈ ਪੇਪਰ ਕੈਂਡਲ ਤੇ ਰੰਗੋਲੀ ਬਣਾਈ। ਸੀਨੀਅਰ ਸੈਕੰਡਰੀ ਵਿੰਗ ਦੇ ਵਿਦਿਆਰਥੀਆਂ ਨੇ ਫੂਡ ਫੀਐਸਟਾ (ਬਿਨਾਂ ਅੱਗ ਦੇ ਖਾਣਾ ਬਣਾਉਣ), ਕੱਪਕੇਕ, ਚਾਕਲੇਟ, ਸ਼ਰਬਤ, ਦੀਵੇ ਅਤੇ ਮੋਮਬੱਤੀਆਂ ਦੀਆਂ ਸਟਾਲਾਂ ਲਗਾ ਕੇ ਤਰ੍ਹਾਂ-ਤਰਾਂ ਦੀਆਂ ਚੀਜ਼ਾਂ ਕਰ ਕੇ ਸਟਾਲਾਂ ਲਗਾਈਆ। ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਲੋਂ ਸਪੈਸ਼ਲ ਡਰਾਈ ਫਰੂਟ ਨਾਲ ਭਰਪੂਰ ਸ਼ਰਦਾਈ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਸਮਾਰੋਹ ਦਾ ਮੁੱਖ ਉਦੇਸ਼ ਵਾਤਾਵਰਨ ਦੀ ਸੰਭਾਲ ਅਤੇ ਸਾਂਝ ਪਾਉਣ ਦੀ ਮਹੱਤਤਾ ਨੂੰ ਉਜਾਗਰ ਕਰਨਾ ਸੀ। ਦੀਵਾਲੀ ਦੇ ਸ਼ੁੱਭ ਤਿਉਹਾਰ 'ਤੇ ਸਕੂਲ ਮੈਨੇਜਮੈਂਟ ਵਲੋਂ ਸਮੂਹ ਸਟਾਫ਼ ਮੈਂਬਰਾਂ ਨੂੰ ਤੋਹਫ਼ੇ ਤੇ ਮਠਿਆਈ ਦਿੱਤੀ ਗਈ। ਸਕੂਲ ਦੀ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ।

ਸਚਦੇਵਾ ਪਬਲਿਕ ਸਕੂਲ ਸਾਹਨੇਵਾਲ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਮਨਾਉਣ ਦੌਰਾਨ ਸਕੂਲੀ ਵਿਦਿਆਰਥੀ। ਤਸਵੀਰ : ਹਨੀ ਚਾਠਲੀ

ਸਚਦੇਵਾ ਪਬਲਿਕ ਸਕੂਲ ਸਾਹਨੇਵਾਲ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਮਨਾਇਆ

ਸਾਹਨੇਵਾਲ, 19 ਅਕਤੂਬਰ (ਹਨੀ ਚਾਠਲੀ)-ਸਚਦੇਵਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸਾਹਨੇਵਾਲ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਮਨਾਇਆ ਗਿਆ। ਪੂਰਾ ਸਕੂਲ ਕੈਂਪਸ ਤਿਉਹਾਰਾਂ ਦੇ ਰੰਗਾਂ, ਲਾਈਟਾਂ ਅਤੇ ਸਜਾਵਟ ਨਾਲ ਭਰਿਆ ਹੋਇਆ ਸੀ, ਜੋ ਏਕਤਾ ਅਤੇ ਖ਼ੁਸ਼ੀ ਦੀ ਭਾਵਨਾ ਨੂੰ ਦਰਸਾਉਂਦਾ ਸੀ। ਇਸ ਮੌਕੇ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਪਹਿਲੀ ਤੋਂ ਦਸਵੀਂ ਜਮਾਤ ਲਈ ਮੋਕਿੰਗ ਮੁਕਾਬਲਾ ਕਰਵਾਇਆ ਗਿਆ। ਜਦੋਂ ਕਿ 11ਵੀਂ ਅਤੇ 12ਵੀਂ ਜਮਾਤ ਲਈ ਰੰਗੋਲੀ ਮੁਕਾਬਲਾ ਹੋਇਆ। ਨਰਸਰੀ, ਐੱਲ. ਕੇ. ਜੀ. ਅਤੇ ਯੂ. ਕੇ. ਜੀ. ਦੇ ਛੋਟੇ ਬੱਚਿਆਂ ਨੇ ਕਲੇਅ ਮਾਡਲਿੰਗ ਮੁਕਾਬਲੇ ਵਿਚ ਉਤਸ਼ਾਹ ਨਾਲ ਹਿੱਸਾ ਲਿਆ। ਸਾਰੇ ਕਲਾਸ ਰੂਮ ਅਤੇ ਡਿਸਪਲੇ ਬੋਰਡ ਵਿਦਿਆਰਥੀਆਂ ਦੁਆਰਾ ਸੁੰਦਰ ਢੰਗ ਨਾਲ ਸਜਾਏ ਗਏ ਸਨ। ਦੁਪਹਿਰ ਦੇ ਖਾਣੇ ਦੌਰਾਨ, ਸਾਰਿਆਂ ਨੇ ਆਪਣੇ ਮਨਪਸੰਦ ਤਿਉਹਾਰਾਂ ਵਾਲੇ ਭੋਜਨ ਦਾ ਆਨੰਦ ਮਾਣਿਆ, ਜਿਸ ਤੋਂ ਬਾਅਦ ਕੈਂਪਸ ਵਿਚ ਡਾਂਸ ਅਤੇ ਜਸ਼ਨ ਮਨਾਏ ਗਏ। ਇਸ ਖ਼ਾਸ ਦਿਨ 'ਤੇ ਅਧਿਆਪਕਾਂ ਨੇ ਵਿਦਿਆਰਥੀਆਂ ਨਾਲ ਬੰਦੀ ਛੋੜ ਦਿਵਸ ਦੀ ਮਹੱਤਤਾ ਵੀ ਸਾਂਝੀ ਕੀਤੀ। ਸਕੂਲ ਡਾਇਰੈਕਟਰ ਪਰਵੀਨ ਸੇਠੀ ਅਤੇ ਚੇਅਰਮੈਨ ਰਾਜਿੰਦਰ ਸੇਠੀ ਨੇ ਹਰ ਕਲਾਸ ਦਾ ਦੌਰਾ ਕੀਤਾ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਸਿਹਤ ਅਫ਼ਸਰ ਸੀ.ਐਚ.ਓ. ਅਤੇ ਆਸ਼ਾ ਵਰਕਰਾਂ ਨੂੰ ਗੈਰ-ਸੰਚਾਰੀ ਰੋਗਾਂ ਸੰਬੰਧੀ ਟਰੇਨਿੰਗ ਮੌਕੇ ਜਾਣਕਾਰੀ ਦੇਣ ਸਮੇਂ। ਤਸਵੀਰ : ਸੋਨੀ ਗਿੱਲ

ਸੀ.ਐਚ.ਓ. ਅਤੇ ਆਸ਼ਾ ਵਰਕਰਾਂ ਨੂੰ ਗੈਰ-ਸੰਚਾਰੀ ਰੋਗਾਂ ਸੰਬੰਧੀ ਟ੍ਰੇਨਿੰਗ ਕਰਵਾਈ

ਖੰਨਾ, 18 ਅਕਤੂਬਰ (ਹਰਜਿੰਦਰ ਸਿੰਘ ਲਾਲ)- ਜ਼ਿਲ੍ਹਾ ਪਰਿਵਾਰ ਤੇ ਭਲਾਈ ਅਫ਼ਸਰ ਡਾ. ਅਮਨਦੀਪ ਕੌਰ ਅਤੇ ਜ਼ਿਲ੍ਹਾ ਡੈਂਟਲ ਤੇ ਸਿਹਤ ਅਫ਼ਸਰ ਡਾ. ਜਗਦੀਪ ਕੌਰ ਵੱਲੋਂ ਸੀ.ਐਚ.ਸੀ ਮਾਨੂੰਪੁਰ ਵਿਖੇ ਸਮੂਹ ਸੀ. ਐਚ. ਓ ਅਤੇ ਆਸ਼ਾ ਵਰਕਰਾਂ ਨੂੰ ਗੈਰ ਸੰਚਾਰੀ ਰੋਗਾਂ ਸਬੰਧੀ ਟਰੇਨਿੰਗ ਕਰਵਾਈ ਗਈ। ਇਸ ਸਮੇਂ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਦੀਪ ਸਿੱਧੂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਡਾ. ਅਮਨਦੀਪ ਕੌਰ ਅਤੇ ਡਾ. ਜਗਦੀਪ ਕੌਰ ਨੇ ਕਿਹਾ ਕਿ ਗਲਤ ਜੀਵਨ ਸ਼ੈਲੀ ਕਾਰਨ ਗੈਰ ਸੰਚਾਰੀ ਰੋਗ ਜਿਵੇਂ ਕਿ ਹਾਈਪੈਟਸ਼ਨ, ਸ਼ੂਗਰ, ਮੂੰਹ ਦਾ ਕੈਂਸਰ, ਛਾਤੀ ਦਾ ਕੈਂਸਰ ਅਤੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ 'ਚ ਬੜੀ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਛਾਤੀ 'ਚ ਗੱਠ ਜਾਂ ਉਬਾਰ, ਸਿਰਦਰਦ, ਮੂੰਹ ਦੇ ਛਾਲੇ ਦਾ ਠੀਕ ਨਾ ਹੋਣਾ, ਬਾਥਰੂਮ ਲੱਗ ਕੇ ਆਉਣਾ ਆਦਿ ਲੱਛਣ ਦਿਖਾਈ ਦੇਣ ਤੇ ਚੈੱਕਅਪ ਜ਼ਰੂਰ ਕਰਵਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਗੈਰ ਸੰਚਾਰੀ ਰੋਗਾਂ ਤੋਂ ਬਚਾਉ ਲਈ ਜ਼ਰੂਰੀ ਹੈ ਕਿ ਜੀਵਨ ਸ਼ੈਲੀ ਵਿੱਚ ਬਦਲਾਅ ਕਰਦਿਆ ਸੰਤੁਲਿਤ ਭੋਜਨ, ਰੋਜ਼ਾਨਾ ਕਸਰਤ ਅਤੇ ਤਣਾਅ ਮੁਕਤ ਜੀਵਨ ਆਦਿ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਗੈਰ ਸੰਚਾਰੀ ਬਿਮਾਰੀਆਂ ਦੀ ਰੋਕਥਾਮ ਲਈ ਸਮੇਂ ਸਿਰ ਜਾਂਚ ਬਹੁਤ ਜ਼ਰੂਰੀ ਹੈ ਤਾਂ ਜੋ ਇਨ੍ਹਾਂ ਬਿਮਾਰੀਆਂ ਨੂੰ ਮੁਢਲੀ ਪੱਧਰ 'ਤੇ ਪਤਾ ਲਗਾ ਕੇ ਇਨ੍ਹਾਂ ਦਾ ਇਲਾਜ ਕੀਤਾ ਜਾ ਸਕੇ। ਡਾ. ਸੁਦੀਪ ਸਿੱਧੂ ਨੇ ਵਿਸ਼ਵਾਸ ਦਿਵਾਇਆ ਕਿ ਨਿਰਧਾਰਿਤ ਸਮੇਂ 'ਚ ਐਨ. ਸੀ. ਡੀ. ਦੇ ਸਾਰੇ ਟੀਚੇ ਪੂਰੇ ਕਰ ਲਏ ਜਾਣਗੇ। ਇਸ ਸਮੇਂ ਡਾ. ਵੰਦਨਾ ਰਾਠੌਰ, ਡਾ. ਜਸਨੀਤ ਕੌਰ, ਡਾ. ਚਿਰਾਗ ਸੋਮਰਾ ਅਤੇ ਬੀ.ਈ.ਈ. ਗੁਰਦੀਪ ਸਿੰਘ ਵੀ ਹਾਜ਼ਰ ਸਨ।

ਮਿੱਠੀ ਯਾਦ ਵਿੱਚ

ਸਵ.ਸ. ਵੱਸਣ ਸਿੰਘ ਜੀ ਧੰਜਲ
20-05-1929 - 20-10-2007

ਕੇ ਡਬਲਯੂ ਗਰੁੱਪ ਦੇ ਬਾਨੀ ਅਤੇ ਸਾਇਕਲ ਇੰਡਸਟਰੀ ਦੇ ਪਿਤਾਮਾ **ਸ. ਵੱਸਣ ਸਿੰਘ ਜੀ ਧੰਜਲ** ਜੋ ਅੱਜ ਦੇ ਦਿਨ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦਾ ਸਾਡੇ ਲਈ ਦਿਲ ਦੀਆਂ ਗਹਿਰਾਈਆਂ ਤੋਂ ਪਿਆਰ ਅਤੇ ਮਨੁੱਖੀ ਏਕਤਾ ਅਤੇ ਪਰਿਵਾਰ ਪ੍ਰਤੀ ਦੇਣ ਸਾਡੇ ਦਿਲਾਂ ਵਿਚ ਹਰ ਸਮੇਂ ਉਹਨਾਂ ਦੀ ਯਾਦ ਤਾਜ਼ਾ ਕਰਦੀ ਰਹੇਗੀ। ਉਹ ਇਕ ਮਹਾਨ ਵਿਅਕਤੀ ਸਨ ਜਿਨ੍ਹਾਂ ਨੇ ਗਰੀਬ ਅਤੇ ਪਰਿਵਾਰ ਪ੍ਰਤੀ ਭਲਾਈ ਨੂੰ ਸਦਾ ਮੁੱਖ ਰੱਖਿਆ। ਉਹਨਾਂ ਦੀ 18ਵੀਂ ਬਰਸੀ 'ਤੇ ਅਸੀਂ ਉਹਨਾਂ ਦੇ ਚਰਨਾਂ ਵਿਚ ਸ਼ਰਧਾ ਦੇ